Punjab Government Gazette

Published by Authority

No. 33] CHANDIGARH, FRIDAY, AUGUST 15, 2025 (SRAVANA 24, 1947 SAKA)

PART I

Punjab Government Notifications and Orders

ਪੰਜਾਬ ਸਰਕਾਰ

ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ

(ਇਮਾਰਤਾਂ ਤੇ ਸੜਕਾਂ-2 ਸ਼ਾਖਾ)

ਹੁਕਮ

ਮਿਤੀ 31 ਅਗਸਤ, 2023

ਨੰ:WSSD-BR203/14/2023-3BR2/I/631878/2023.-ਸ਼੍ਰੀ ਸਤੀਸ਼ ਰਤਨ,ਕਾਰਜਕਾਰੀ ਇੰਜੀਨੀਅਰ (ਸਰਕਾਰੀ ਕੰਮ),ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ, ਮੋਹਾਲੀ ਦੀ 58 ਸਾਲ ਦੀ ਉਮਰ ਪੂਰੀ ਹੋਣ ਤੇ ਅਧਿਕਾਰੀ ਨੂੰ ਪੰਜਾਬ ਸਿਵਲ ਸੇਵਾਵਾਂ ਨਿਯਮਾਂਵਲੀ ਜਿਲਦ-1 ਭਾਗ-1 ਦੇ ਨਿਯਮ 3.26 (ਓ) ਅਧੀਨ ਮਿਤੀ 31.08.2023 ਤੋਂ ਸਰਕਾਰੀ ਸੇਵਾ ਤੋਂ ਸੇਵਾ ਨਿਵਿਰਤ ਕੀਤਾ ਜਾਂਦਾ ਹੈ।

3. ਅਧਿਕਾਰੀ ਵਿਰੁੱਧ ਜੇਕਰ ਕੋਈ ਕ੍ਰੀਮੀਨਲ, ਸਿਵਲ ਕੇਸ, ਵਿਜੀਲੈਂਸ ਕੇਸ ਜਾਂ ਅਨੁਸ਼ਾਸ਼ਨੀ ਕਾਰਵਾਈ ਦਾ ਕੇਸ ਚਲਦਾ ਹੋਵੇ ਜਾਂ ਅਜਿਹਾ ਕੋਈ ਨਵਾਂ ਮਾਮਲਾ ਧਿਆਨ ਵਿਚ ਆਉਂਦਾ ਹੈ ਤਾਂ ਸਰਕਾਰ ਦੁਆਰਾ ਇਨ੍ਹਾਂ ਹੁਕਮਾਂ ਨੂੰ ਮੁੜ ਵਿਚਾਰਿਆ ਜਾ ਸਕਦਾ ਹੈ ਜਾਂ ਅਧਿਕਾਰੀ ਵਿਰੁੱਧ ਪੰਜਾਬ ਸਿਵਲ ਸੇਵਾਵਾਂ ਨਿਯਮਾਂਵਲੀ ਭਾਗ 2 ਦੇ ਨਿਯਮ 2.2 ਅਧੀਨ ਕਾਰਵਾਈ ਕੀਤੀ ਜਾ ਸਕਦੀ ਹੈ।

3. ਸ਼੍ਰੀ ਸਤੀਸ਼ ਰਤਨ, ਕਾਰਜਕਾਰੀ ਇੰਜੀਨੀਅਰ ਦੀ ਸੇਵਾ ਨਿਵਿਰਤੀ ਉਪਰੰਤ ਕਾਰਜਕਾਰੀ ਇੰਜੀਨੀਅਰ (ਸਰਕਾਰੀ ਕੰਮ), ਜਲ ਸਪਲਾਈ ਅਤੇ ਸੈਨੀਟੇਸ਼ਨ ਮੋਹਾਲੀ ਦਾ ਵਾਧੂ ਚਾਰਜ ਅਗਲੇ ਹੁਕਮਾਂ ਤੱਕ ਸ਼੍ਰੀਮਤੀ ਗੁਰਜੋਤ ਕੌਰ, ਕਾਰਜਕਾਰੀ ਇੰਜੀਨੀਅਰ (ਵਾਟਰ ਕੁਆਲਟੀ), ਮੋਹਾਲੀ ਨੂੰ ਦਿੱਤਾ ਜਾਂਦਾ ਹੈ ਅਤੇ ਇਸ ਵਾਧੂ ਚਾਰਜ ਦੇ ਬਦਲੇ ਅਧਿਕਾਰਣ ਨੂੰ ਕੋਈ ਵਾਧੂ ਵਿੱਤੀ ਲਾਭ ਮਿਲਣਯੋਗ ਨਹੀਂ ਹੋਣਗੇ।

ਡੀ.ਕੇ.ਤਿਵਾਰੀ, ਆਈ.ਏ.ਐਸ.

ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ

ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ

ਚੰਡੀਗੜ੍ਹ

ਮਿਤੀ 22 ਅਗਸਤ,2023

3477/8-2025/Pb. Govt. Press, S.A.S. Nagar